# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-07-2024**

ਦੇਸ਼ ਦੇ 7 ਸੂਬਿਆਂ ਦੀਆਂ 13 ਵਿਧਾਨ ਸਭਾ ਸੀਟਾਂ ਵਾਸਤੇ, ਜ਼ਿਮਨੀ ਚੋਣਾਂ ਲਈ ਅੱਜ ਵੋਟਿੰਗ ਚਲ ਰਹੀ ਏ। ਇਨ੍ਹਾਂ ਸੀਟਾਂ ’ਤੇ ਮੌਜੂਦਾ ਮੈਂਬਰਾਂ ਦੀ ਮੌਤ ਜਾਂ ਅਸਤੀਫ਼ੇ ਕਾਰਨ ਜ਼ਿਮਨੀ ਚੋਣ ਕਰਵਾਈ ਜਾ ਰਹੀ ਏ। ਜ਼ਿਮਨੀ ਚੋਣਾਂ ਲਈ ਨੋਟੀਫਿਕੇਸ਼ਨ 14 ਜੂਨ ਨੂੰ ਜਾਰੀ ਕੀਤਾ ਗਿਆ ਸੀ। ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਕੀਤੀ ਜਾਵੇਗੀ। ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ ਵੀ 181 ਪੋਲਿੰਗ ਕੇਂਦਰਾਂ ਤੇ ਪੋਲਿੰਗ ਦਾ ਸਿਲਸਿਲਾ ਅਗੇ ਵੱਧ ਰਿਹਾ ਏ। ਸਖਤ ਸੁਰੱਖਿਆ ਪ੍ਰਬੰਧਾਂ ਹੇਠ ਪੋਲਿੰਗ ਸਵੇਰੇ 7 ਵਜੇ ਸ਼ੁਰੂ ਹੋਈ ਅਤੇ ਤੋਂ ਸ਼ਾਮ 6 ਵਜੇ ਤੱਕ ਚਲੇਗੀ। ਸਮੁੱਚੇ 181 ਪੋਲਿੰਗ ਬੂਥਾਂ ਦੀ ਵੈਬਕਾਸਟਿੰਗ ਕਰਵਾਈ ਜਾ ਰਹੀ ਏ, ਜਿਸ ਲਈ ਸਾਰੀਆਂ ਪੋਲਿੰਗ ਥਾਵਾਂ ’ਤੇ 218 ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਨੇ। ਹਲਕੇ ਵਿਚ ਵੋਟਰਾਂ ਦੀ ਕੁੱਲ ਗਿਣਤੀ ਇਕ

ਲੱਖ 71 ਹਜ਼ਾਰ 963 ਏ। ਇਸ ਸੀਟ 'ਤੇ ਆਮ ਆਦਮੀ ਪਾਰਟੀ ਦੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ BJP ਦੀ ਟਿਕਟ 'ਤੇ ਚੋਣ ਲੜ ਰਹੇ ਨੇ, ਜਦਕਿ ਮੋਹਿੰਦਰ ਭਗਤ ਆਮ ਆਦਮੀ ਪਾਰਟੀ, ਸਾਬਕਾ ਸੀਨੀਅਰ ਡਿਪਟੀ ਮੇਅਰ ਸੁਰਿੰਦਰ ਕੌਰ ਕਾਂਗਰਸ ਅਤੇ ਸੁਰਜੀਤ ਕੌਰ ਅਕਾਲੀ ਦਲ ਦੇ ਉਮੀਦਵਾਰ ਨੇ।

---------------------------------------------------------------

ਪੰਜਾਬ ਵਿੱਚ ਨੀਲੀ ਕ੍ਰਾਂਤੀ ਵੱਲ ਅਹਿਮ ਕਦਮ ਚੁੱਕਦਿਆਂ, ਸਰਕਾਰ ਨੇ ਵਿੱਤੀ ਵਰ੍ਹੇ 2023- 24 ਦੌਰਾਨ ਮੱਛੀ ਪਾਲਣ ਅਧੀਨ 1942 ਏਕੜ ਰਕਬਾ ਵਧਾਉਣ ਵਿੱਚ ਕਾਮਯਾਬੀ ਹਾਸਲ ਕੀਤੀ ਏ। ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ, ਕਿ ਇੱਕ ਸਾਲ ਵਿੱਚ ਇਹ ਰਕਬਾ 42 ਹਜ਼ਾਰ 31 ਏਕੜ ਤੋਂ ਵੱਧ ਕੇ 43 ਹਜ਼ਾਰ 973 ਏਕੜ ਹੋ ਗਿਆ ਏ। ਅੱਜ ਕੌਮੀ ਮੱਛੀ ਪਾਲਕ ਦਿਵਸ ਮੌਕੇ ਸੂਬੇ ਦੇ ਸਾਰੇ ਮੱਛੀ ਅਤੇ ਝੀਂਗਾ ਪਾਲਕਾਂ ਨੂੰ ਸ਼ੁਭਕਾਮਨਾਵਾਂ ਦੀਦਿਆਂ, ਉਨਾਂ ਹੋਰਨਾਂ

ਕਿਸਾਨਾਂ ਨੂੰ ਵੀ ਮੱਛੀ ਪਾਲਣ ਦਾ ਧੰਦਾ ਅਪਣਾਉਣ ਲਈ ਪ੍ਰੇਰਿਤ ਕੀਤਾ, ਤਾਂ ਜੋ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ।

---------------------------------------------------------------

NEET-UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ। ਵੱਖ-ਵੱਖ ਵਰਗਾਂ ਦੇ ਲੋਕਾਂ ਕਹਿਣਾ ਏ ਕਿ ਦੋਸ਼ੀਆਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ ਏ।

---------------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਨੇ ਚੰਡੀਗੜ੍ਹ ਯੂਨੀਵਰਸਿਟੀ ਵਿਖੇ, ਕੱਲ ਵੱਖ-ਵੱਖ ਕਿਸਮ ਦੇ ਬੂਟੇ ਲਗਾਏ ਅਤੇ ਵਿਦਿਆਥੀਆਂ, ਫੈਕਲਟੀ ਮੈਂਬਰਾਂ ਤੇ ਹੋਰ ਸਟਾਫ਼ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਨ ਲਈ ਸੈਮੀਨਾਰ ਦਾ ਆਯੋਜਨ ਕੀਤਾ। ਅਥਾਰਟੀ ਦੇ ਮੈਂਬਰ ਸਕੱਤਰ ਮਨਜਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਮੌਜੂਦਾ ਦੌਰ ਵਿਚ ਵਧਦੇ ਸ਼ਹਿਰੀਕਰਨ, ਸਨਅਤੀਕਰਨ ਅਤੇ ਵੱਡੇ ਪੱਧਰ 'ਤੇ

ਦਰਖਤਾਂ ਦੀ ਹੋ ਰਹੀ ਕਟਾਈ ਕਾਰਨ ਵਾਤਾਵਰਨ 'ਤੇ ਪੈ ਰਹੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਦਿਆਂ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ। ਵਧੀਕ ਮੈਂਬਰ ਸਕੱਤਰ ਸਮ੍ਰਿਤੀ ਧੀਰ ਨੇ ਵੀ ਆਪਣੇ ਵਿਚਾਰ ਰੱਖੇ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਕੱਤਰ ਸੁਰਭੀ ਪਰਾਸ਼ਰ ਨੇ ਕਿਹਾ ਕਿ ਇਸ ਮੁਹਿੰਮ ਵਿਚ ਵਣ ਵਿਭਾਗ ਅਤੇ ਵੱਖ-ਵੱਖ ਗੈਰ ਸਰਕਾਰੀ ਸੰਸਥਾਵਾਂ ਨੂੰ ਸ਼ਾਮਿਲ ਕੀਤਾ ਗਿਆ ਏ ਤਾਂ ਜੋ ਜ਼ਿਲ੍ਹੇ ਵਿੱਚ ਵੱਧ ਤੋਂ ਵੱਧ ਬੂਟੇ ਲਗਾਏ ਜਾ ਸਕਣ।

---------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਤੇ ਨਗਰ ਨਿਗਮ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਬੁੱਢਾ ਦਰਿਆ ਦੀ ਸਫਾਈ ਲਈ ਚੱਲ ਰਹੇ ਪ੍ਰੋਜੈਕਟਾਂ ਦੀ ਇਕ ਮੀਟਿੰਗ ਦੌਰਾਨ ਸਮੀਖਿਆ ਕੀਤੀ। ਉਨਾਂ ਅਧਿਕਾਰੀਆਂ ਨੂੰ ਬੁੱਢੇ ਨਾਲੇ ਦੇ ਨਾਲ-ਨਾਲ ਬੂਟੇ ਲਗਾਉਣ ਦੀ ਮੁਹਿੰਮ ਹੋਰ ਤੇਜ਼ ਕਰਨ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਵਿੱਚ ਨਗਰ ਨਿਗਮ ਦੇ ਵਧੀਕ ਕਮਿਸ਼ਨਰ ਪਰਮਦੀਪ ਸਿੰਘ ਸਮੇਤ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ

ਨੁਮਾਇੰਦੇ ਵੀ ਮੀਟਿੰਗ ਵਿਚ ਸ਼ਾਮਿਲ  ਸਨ, ਜਿਨ੍ਹਾਂ ਵੱਲੋਂ ਸੰਸਦ ਮੈਂਬਰ ਸੀਚੇਵਾਲ ਦੀ ਅਗਵਾਈ ਹੇਠ, ਬੁੱਢੇ ਦਰਿਆ ਦੇ ਨਾਲ-ਨਾਲ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਏ । ਡਿਪਟੀ ਕਮਿਸ਼ਨਰ ਸਾਹਨੀ ਨੇ ਅਧਿਕਾਰੀਆਂ ਨੂੰ ਪ੍ਰਾਜੈਕਟਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ । ਇਸ ਤੋਂ ਇਲਾਵਾ ਉਨ੍ਹਾਂ, ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ, ਕਿ ਉਹ ਸ਼ਹਿਰ ਵਿੱਚ ਹਰਿਆਵਲ ਵਧਾਉਣ ਲਈ ਪ੍ਰਸ਼ਾਸਨ ਦਾ ਸਾਥ ਦੇਣ ।

---------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ । ਫਰੀਦਕੋਟ ਜ਼ਿਲੇ ਦੇ ਪੁਲਿਸ ਅਧਿਕਾਰੀਆਂ ਨੇ ਨਵੇਂ ਕਾਨੂੰਨਾਂ ਮੁਤਾਬਿਕ FIR ਵਿਚ  ਹੋਏ ਬਦਲਾਅ ਬਾਰੇ ਦਸਿਆ ।